ਆਕਾਸ਼ਵਾਣੀ ਜਲੰਧਰ

ਪ੍ਰਦੇਸ਼ਿਕ ਖਬਰਾਂ ਪੰਜਾਬੀ

18:20 Pm

ਮਿਤੀ: 29-10-2024

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਵੀਂ ਦਿੱਲੀ ਵਿੱਚ ਕਰੀਬ 12 ਹਜ਼ਾਰ 850 ਕਰੋੜ ਰੁਪਏ ਦੇ ਸਿਹਤ ਖੇਤਰ ਨਾਲ ਸਬੰਧਤ, ਕਈ ਪ੍ਰੋਜੈਕਟਾਂ ਦੀ ਸ਼ੁਰੂਆਤ, ਉਦਘਾਟਨ ਅਤੇ ਨੀਂਹ ਪੱਥਰ ਰੱਖਿਆ।
- ਅੱਜ ਦੇਸ਼ ਭਰ 'ਚ 40 ਥਾਵਾਂ 'ਤੇ ਰੋਜ਼ਗਾਰ ਮੇਲੇ ਲਗਾਏ ਗਏ -ਪ੍ਰਧਾਨ ਮੰਤਰੀ ਮੋਦੀ ਨੇ 51 ਹਜ਼ਾਰ ਤੋਂ ਵੱਧ ਨਵ-ਨਿਯੁਕਤ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ।
- ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾ ਨੇ ਨੌਜਵਾਨਾਂ ਨੂੰ, ਸੂਬੇ ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ ਯੋਗਦਾਨ ਪਾਉਣ ਦੀ ਕੀਤੀ ਅਪੀਲ।
- ਪੰਜਾਬ ਭਰ ਵਿੱਚ, ਵਿਜੀਲੈਂਸ ਜਾਗਰੂਕਤਾ ਹਫ਼ਤੇ ਤਹਿਤ, ਵੱਖ-ਵੱਖ ਗਤੀਵਿਧੀਆਂ ਦਾ ਆਯੋਜਨ।
- ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ,ਸਿਹਤ ਐਮਰਜੈਂਸੀ ਤੇ ਹਾਦਸਿਆਂ 'ਚ ਜਾਣ ਵਾਲੀਆਂ ਕੀਮਤੀ ਜਾਨਾਂ ਬਚਾਉਣ ਲਈ  'ਚੇਤਨਾ' ਪ੍ਰਾਜੈਕਟ ਦੀ ਸ਼ੁਰੂਆਤ।

-------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਧਨਵੰਤਰੀ ਜਯੰਤੀ ਅਤੇ 9ਵੇਂ ਆਯੁਰਵੇਦ ਦਿਵਸ ਦੇ ਮੌਕੇ,  ਨਵੀਂ ਦਿੱਲੀ ਵਿੱਚ ਕਰੀਬ 12 ਜਜ਼ਾਰ 850 ਕਰੋੜ ਰੁਪਏ ਦੇ ਸਿਹਤ ਖੇਤਰ ਨਾਲ ਸਬੰਧਤ, ਕਈ ਪ੍ਰੋਜੈਕਟਾਂ ਦੀ ਸ਼ੁਰੂਆਤ, ਉਦਘਾਟਨ ਅਤੇ ਨੀਂਹ ਪੱਥਰ ਰੱਖਿਆ। ਪ੍ਰਧਾਨ ਮੰਤਰੀ ਨੇ ਆਯੁਸ਼ਮਾਨ ਭਾਰਤ ਪ੍ਰਧਾਨ ਮੰਤਰੀ ਜਨ ਆਰੋਗਿਆ ਯੋਜਨਾ ਦੇ ਇੱਕ ਵੱਡੇ ਵਿਸਥਾਰ ਵਜੋਂ, 70 ਸਾਲ ਅਤੇ ਇਸ ਤੋਂ ਵੱਧ ਉਮਰ ਦੇ

ਸਾਰੇ ਸੀਨੀਅਰ ਨਾਗਰਿਕਾਂ ਲਈ ਸਿਹਤ ਕਵਰੇਜ ਦੇ ਵਿਸਥਾਰ ਦੀ ਸ਼ੁਰੂਆਤ ਕੀਤੀ। ਇਹ ਸਾਰੇ ਸੀਨੀਅਰ ਨਾਗਰਿਕਾਂ ਨੂੰ ਉਨ੍ਹਾਂ ਦੀ ਆਮਦਨ ਦੀ ਪਰਵਾਹ ਕੀਤੇ ਬਿਨਾਂ ਸਿਹਤ ਕਵਰੇਜ ਪ੍ਰਦਾਨ ਕਰਨ ਵਿੱਚ ਮਦਦ ਕਰੇਗਾ। ਸਿਹਤ ਸੰਭਾਲ ਬੁਨਿਆਦੀ ਢਾਂਚੇ ਨੂੰ ਉਤਸ਼ਾਹਿਤ ਕਰਨ ਲਈ, ਸ੍ਰੀ ਮੋਦੀ ਨੇ ਕਈ ਸਿਹਤ ਸੰਭਾਲ ਸੰਸਥਾਵਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ। ਉਨ੍ਹਾਂ ਭਾਰਤ ਦੇ ਪਹਿਲੇ ਆਲ ਇੰਡੀਆ ਇੰਸਟੀਚਿਊਟ ਆਫ ਆਯੁਰਵੇਦ ਦੇ ਦੂਜੇ ਪੜਾਅ ਦਾ ਉਦਘਾਟਨ ਵੀ ਕੀਤਾ, ਜਿਸ ਵਿੱਚ ਇੱਕ ਪੰਚਕਰਮਾ ਹਸਪਤਾਲ, ਡਰੱਗ ਨਿਰਮਾਣ ਲਈ ਇੱਕ ਆਯੁਰਵੈਦਿਕ ਫਾਰਮੇਸੀ, ਇੱਕ ਸਪੋਰਟਸ ਮੈਡੀਸਨ ਯੂਨਿਟ, ਇੱਕ ਕੇਂਦਰੀ ਲਾਇਬ੍ਰੇਰੀ, ਇੱਕ ਆਈ.ਟੀ ਅਤੇ ਸਟਾਰਟ-ਅੱਪ ਇਨਕਿਊ-ਬੇਸ਼ਨ ਸੈਂਟਰ ਸ਼ਾਮਲ ਨੇ।

-------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ  ਕਿ ਸਰਕਾਰ ਨੇ ਸਵੈ-ਨਿਰਭਰ ਭਾਰਤ ਦੀ ਦਿਸ਼ਾ ਵਿੱਚ ਮਹੱਤਵਪੂਰਨ ਕੰਮ ਕੀਤਾ ਏ  ਅਤੇ ਪੁਲਾੜ ਤੋਂ ਲੈ ਕੇ ਇਲੈਕਟ੍ਰਿਕ ਵਾਹਨਾਂ ਤੱਕ, ਨਵੀਂ ਤਕਨੀਕ ਸਮੇਤ ਹਰ ਖੇਤਰ ਵਿੱਚ ਮੇਕ-ਇਨ-ਇੰਡੀਆ ਨੂੰ ਅੱਗੇ ਵਧਾਇਆ ਏ। ਸ੍ਰੀ ਮੋਦੀ ਨੇ ਕਿਹਾ ਕਿ ਭਾਰਤ ਦੁਨੀਆ ਦੀ ਤੀਜੀ ਸਭ ਤੋਂ ਵੱਡੀ ਅਰਥ-ਵਿਵਸਥਾ ਬਣਨ ਵੱਲ ਵਧ ਰਿਹਾ ਏ। ਪ੍ਰਧਾਨ ਮੰਤਰੀ ਨੇ ਅੱਜ ਵੱਖ-ਵੱਖ ਸਰਕਾਰੀ ਵਿਭਾਗਾਂ ਅਤੇ ਸੰਸਥਾਵਾਂ ਵਿੱਚ 51 ਹਜ਼ਾਰ ਤੋਂ ਵੱਧ ਨਵ-ਨਿਯੁਕਤ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ। ਵੀਡੀਓ ਕਾਨਫਰੰਸ ਰਾਹੀਂ ਸਮਾਗਮ ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਕਿਹਾ ਕਿ ਸਰਕਾਰ ਨੌਜਵਾਨਾਂ ਨੂੰ ਵੱਧ ਤੋਂ ਵੱਧ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਵਚਨਬੱਧ ਏ। ਸ੍ਰੀ ਮੋਦੀ ਨੇ ਕਿਹਾ ਕਿ ਸਰਕਾਰ ਨੇ ਪ੍ਰਧਾਨ ਮੰਤਰੀ ਇੰਟਰਨਸ਼ਿਪ ਯੋਜਨਾ ਦੇ ਤਹਿਤ ਦੇਸ਼ ਦੀਆਂ 500 ਪ੍ਰਮੁੱਖ ਕੰਪਨੀਆਂ ਵਿੱਚ ਨੌਜਵਾਨਾਂ ਲਈ ਪੇਡ ਇੰਟਰਨਸ਼ਿਪ ਸ਼ੁਰੂ ਕੀਤੀ ਏ। ਨੌਜਵਾਨਾਂ ਨੂੰ ਤਜਰਬੇ  ਅਤੇ ਮੌਕੇ ਪ੍ਰਦਾਨ ਕਰਨ ਲਈ ਵਿਆਪਕ ਪ੍ਰਬੰਧ ਕੀਤੇ ਗਏ ਨੇ।

-------------------------------------------------------

ਅੱਜ ਧਨਵੰਤਰੀ ਜੈਅੰਤੀ ਅਤੇ ਆਯੁਰਵੇਦ ਦਿਵਸ ਮਨਾਇਆ ਜਾ ਰਿਹਾ ਏ। ਅੱਜ ਦਾ ਦਿਨ ਧਨਤੇਰਸ ਵਜੋਂ ਵੀ ਮਨਾਇਆ ਜਾਂਦਾ ਏ। ਧਨ ਦੀ ਦੇਵੀ ਲਕਸ਼ਮੀ ਦੀ ਪੂਜਾ ਅਤੇ ਪੰਜ ਦਿਨਾਂ ਤੱਕ ਚੱਲਣ ਵਾਲਾ ਚਾਨਣ ਦਾ ਤਿਉਹਾਰ ਅੱਜ ਤੋਂ ਹੀ ਸ਼ੁਰੂ ਹੋ ਗਿਆ ਏ। ਪ੍ਰਾਚੀਨ ਮਾਨਤਾਵਾਂ ਦੇ ਅਨੁਸਾਰ ਧਨਤੇਰਸ 'ਤੇ ਸੋਨੇ, ਚਾਂਦੀ, ਪਿੱਤਲ ਅਤੇ ਤਾਂਬੇ ਦੇ ਭਾਂਡੇ ਖਰੀਦਣ ਦੀ ਰਿਵਾਇਤ ਏ। ਧਨਵੰਤਰੀ ਨੂੰ ਆਯੁਰਵੇਦ ਦਾ

ਪਿਤਾ ਮੰਨਿਆ ਜਾਂਦਾ ਏ। ਅੱਜ 9ਵਾਂ ਆਯੁਰਵੇਦ ਦਿਵਸ ਵੀ ਮਨਾਇਆ ਜਾ ਰਿਹਾ ਏ। ਇਸ ਦਾ ਉਦੇਸ਼ ਅੰਤਰ-ਰਾਸ਼ਟਰੀ ਪੱਧਰ 'ਤੇ ਪ੍ਰਾਚੀਨ ਭਾਰਤੀ ਚਿਕਤਸਾ ਪ੍ਰਣਾਲੀ ਨੂੰ ਸੁਰਜੀਤ ਕਰਨਾ ਏ। ਭਾਰਤੀ ਆਯੁਰਵੈਦਿਕ ਉਤਪਾਦ ਦੁਨੀਆ ਦੇ ਕਈ ਦੇਸ਼ਾਂ ਨੂੰ ਬਰਾਮਦ ਕੀਤੇ ਜਾਂਦੇ ਨੇ। ਅੱਜ ਕਿ ਦੇਸ਼ ਆਯੁਰਵੇਦ ਦਿਵਸ ਮਨ ਰਹੇ ਨੇ।

-------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਧਨਤੇਰਸ ਅਤੇ ਆਯੁਰਵੇਦ ਦਿਵਸ 'ਤੇ ਸ਼ੁੱਭਕਾਮਨਾਵਾਂ ਦਿੱਤੀਆਂ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਮੋਦੀ ਨੇ ਕਾਮਨਾ ਕੀਤੀ ਕਿ ਭਗਵਾਨ ਧਨਵੰਤਰੀ ਦੇ ਆਸ਼ੀਰਵਾਦ ਨਾਲ, ਹਰ ਇੱਕ ਦਾ ਜੀਵਨ ਸਿਹਤ, ਤੇ ਖੁਸ਼ਹਾਲੀ ਨਾਲ ਭਰਿਆ ਹੋਵੇ। ਆਯੁਰਵੇਦ ਦਿਵਸ 'ਤੇ ਉਨ੍ਹਾਂ ਕਿਹਾ ਕਿ ਆਯੁਰਵੇਦ ਹਮੇਸ਼ਾ ਸਿਹਤਮੰਦ ਜੀਵਨ ਸ਼ੈਲੀ ਲਈ ਲਾਹੇਵੰਦ ਰਹੇਗਾ।

-------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾ ਨੇ ਅੱਜ ਨੌਜਵਾਨਾਂ ਨੂੰ ਅਪੀਲ ਕੀਤੀ ਏ ਕਿ ਉਹ ਸੂਬੇ ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ ਯੋਗਦਾਨ ਪਾਉਣ ਲਈ ਆਪਣੇ ਜੀਵਨ ਵਿੱਚ ਸਫ਼ਲਤਾ ਪ੍ਰਾਪਤ ਕਰਨ। ਜਲੰਧਰ ਸਥਿਤ ਮੇਹਰ ਚੰਦ ਪੌਲੀਟੈਕਨਿਕ ਕਾਲਜ ਦੀ 70ਵੀਂ ਵਰ੍ਹੇਗੰਢ ਮੌਕੇ ਪਲੈਟੀਨਮ ਜੁਬਲੀ ਸਮਾਗਮਾਂ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਨੇ ਅਕਾਦਮਿਕ ਡਿਗਰੀਆਂ ਤੋਂ ਇਲਾਵਾ ਸਿੱਖਿਆ ਦੀ ਪਰਿਵਰਤਨਸ਼ੀਲ ਸ਼ਕਤੀ 'ਤੇ ਜ਼ੋਰ ਦਿੱਤਾ। ਸ੍ਰੀ ਸੰਧਵਾ ਨੇ ਕਿਹਾ ਕੇ ਸਿੱਖਿਆ ਸਾਨੂੰ ਚੰਗੇ ਇਨਸਾਨ ਬਣਨਾ ਅਤੇ ਸਾਨੂੰ ਜੀਵਨ ਦੀਆਂ ਚੁਣੌਤੀਆਂ ਦਾ ਸਫਲਤਾਪੂਰਵਕ ਸਾਹਮਣਾ ਕਰਨ ਦੇ ਯੋਗ ਬਣਾਉਂਦੀ ਏ। ਓਹਨਾ ਵਿਦਿਆਰਥੀਆਂ ਨੂੰ ਆਪਣੇ ਕਰੀਅਰ ਵਿੱਚ ਤਰੱਕੀ ਕਰਨ ਦੇ ਨਾਲ ਨਾਲ ਮਨੁੱਖਤਾ ਦੀ ਸੇਵਾ ਨੂੰ ਅਪਣਾਉਣ ਲਈ ਵੀ ਉਤਸ਼ਾਹਿਤ ਕੀਤਾ। ਉੱਘੇ ਵਾਤਾਵਰਣ ਪ੍ਰੇਮੀ ਅਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਵੀ ਇਸ ਸਮਾਗਮ ਵਿੱਚ ਸੰਬੋਧਨ ਕਰਦਿਆਂ ਤਕਨਾਲੋਜੀ ਦੀ ਜ਼ਿੰਮੇਵਾਰੀ ਨਾਲ ਵਰਤੋਂ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਕਿਸੇ ਵੀ ਤਕਨੀਕੀ ਹੁਨਰ ਨੂੰ ਸਿੱਖਣ ਦੇ ਨਾਲ-ਨਾਲ ਸਾਨੂੰ ਸਾਰਿਆਂ ਨੂੰ ਦਿਆਲੂ ਅਤੇ ਚੰਗੇ ਇਨਸਾਨ ਬਣਨਾ ਸਿੱਖਣਾ ਚਾਹੀਦਾ ਏ। ਸੰਤ ਸੀਚੇਵਾਲ ਨੇ ਖੇਤਰ ਵਿੱਚ ਤਕਨੀਕੀ ਸਿੱਖਿਆ ਨੂੰ ਉਤਸ਼ਾਹ ਦੇਣ ਲਈ ਆਪਣੇ ਅਖਤਿਆਰੀ ਫੰਡਾਂ ਵਿੱਚੋਂ, 10 ਲੱਖ ਰੁਪਏ ਦੀ ਗ੍ਰਾਂਟ ਦੇਣ ਦਾ ਐਲਾਨ ਕੀਤਾ।

-------------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਨੇ ਸੂਬੇ ਦੀਆਂ ਸਮੂਹ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਮੁੱਢਲੀ ਪ੍ਰਕਾਸ਼ਨਾਂ ਦੀਆਂ ਬਿਨਾਂ ਫੋਟੋ ਵੋਟਰ ਸੂਚੀ ਦੀਆਂ ਸੀਡੀਜ਼ ਸੌਂਪੀਆਂ ਨੇ। ਮੁੱਖ ਚੋਣ ਅਧਿਕਾਰੀ ਦੇ ਦਫ਼ਤਰ ਵਿਖੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਸਿਬਿਨ ਸੀ. ਨੇ ਦੱਸਿਆ ਕਿ 29 ਅਕਤੂਬਰ ਨੂੰ ਮੁੱਢਲੀ ਵੋਟਰ ਸੂਚੀਆਂ ਦੀ ਪ੍ਰਕਾਸ਼ਨਾ ਤੱਕ ਪੰਜਾਬ ਵਿਚ ਕੁੱਲ ਵੋਟਰਾਂ ਦੀ ਗਿਣਤੀ 2 ਕਰੋੜ 12 ਲੱਖ 81 ਹਜ਼ਾਰ 800 ਏ। ਉਨ੍ਹਾਂ ਦੱਸਿਆ ਕਿ ਇਸ ਸਮੇਂ ਪੰਜਾਬ ਵਿੱਚ ਕੁੱਲ ਪੋਲਿੰਗ ਸਟੇਸ਼ਨਾਂ ਦੀ ਗਿਣਤੀ 24 ਹਜ਼ਾਰ 446 ਏ , ਜਿਸ ਵਿੱਚ ਸ਼ਹਿਰੀ ਪੋਲਿੰਗ ਸਟੇਸ਼ਨਾਂ ਦੀ ਗਿਣਤੀ 8 ਹਜ਼ਾਰ 62 ਅਤੇ ਪੇਂਡੂ ਪੋਲਿੰਗ ਸਟੇਸ਼ਨਾਂ ਦੀ ਗਿਣਤੀ 16 ਹਜ਼ਾਰ 384 ਏ। ਉਨ੍ਹਾਂ ਦੱਸਿਆ ਕਿ ਸਾਰੇ ਪੋਲਿੰਗ ਸਟੇਸ਼ਨਾਂ ਉੱਤੇ ਵੋਟਰਾਂ ਲਈ ਰੈਂਪ, ਪੀਣ ਵਾਲਾ ਪਾਣੀ, ਰੋਸ਼ਨੀ , ਬੈਠਣ ਲਈ ਕੁਰਸੀਆਂ ਅਤੇ ਪਖਾਨਿਆਂ ਦੀ ਵਿਵਸਥਾ ਕੀਤੀ ਗਈ ਏ। ਉਨ੍ਹਾਂ ਦੱਸਿਆ ਕਿ ਮੁੱਢਲੀ ਵੋਟਰ ਸੂਚੀਆਂ ਸਬੰਧੀ ਦਾਅਵੇ ਅਤੇ ਇਤਰਾਜ਼ ਦਾਇਰ ਕਰਨ ਦੀ ਆਖਰੀ ਤਰੀਕ 28 ਨਵੰਬਰ ਏ।

-------------------------------------------------------

ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਜ਼ਿਲ੍ਹੇ ਭਰ ਵਿੱਚ 3 ਨਵੰਬਰ ਤੱਕ ਸਲਾਨਾ ਵਿਜੀਲੈਂਸ ਜਾਗਰੂਕਤਾ ਹਫ਼ਤਾ ਮਨਾਇਆ ਜਾ ਰਿਹਾ ਏ ਜੋ ਕਿ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਏ। ਬਠਿੰਡਾ ਦੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਸਰਕਾਰੀ ਰਜਿੰਦਰਾ ਕਾਲਜ ਵਿਖੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭ੍ਰਿਸ਼ਟਾਚਾਰ ਕਿਸੇ ਸੂਬੇ ਅਤੇ ਇਸ ਦੇ ਨਾਗਰਿਕਾਂ ਦੀ ਅਖੰਡਤਾ ਅਤੇ ਮਾਣ ਵਿਰੁੱਧ ਕੀਤੇ ਗਏ ਘਿਨਾਉਣੇ ਅਪਰਾਧ ਵਰਗਾ ਹੈ, ਫਿਰ ਭਾਵੇਂ ਇਹ ਸੇਵਾ ਪ੍ਰਦਾਨ ਕਰਨ ਵਾਲੇ ਜਾਂ ਸੇਵਾ ਲੈਣ ਵਾਲੇ ਵਿਅਕਤੀ ਵੱਲੋਂ ਕੀਤਾ ਗਿਆ ਹੋਵੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸੂਬੇ ਵਿੱਚ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਲਈ ਪੰਜਾਬ ਸਰਕਾਰ ਦੀ ਭ੍ਰਿਸ਼ਟਾਚਾਰ ਵਿਰੋਧੀ ਮੁਹਿੰਮ ਵਿੱਚ ਵੱਧ ਤੋਂ ਵੱਧ ਸਹਿਯੋਗ ਦੇਣ। ਐਸ.ਐਸ.ਪੀ ਵਿਜ਼ੀਲੈਂਸ ਹਰਪਾਲ ਸਿੰਘ ਨੇ ਕਿਹਾ ਕਿ ਸਲਾਨਾ ਵਿਜੀਲੈਂਸ ਜਾਗਰੂਕਤਾ ਹਫ਼ਤੇ ਦੇ ਸਮਾਗਮ ਦਾ ਮੁੱਖ ਮਕਸਦ 'ਦੇਸ਼ ਦੀ ਖੁਸ਼ਹਾਲੀ ਲਈ ਇਮਾਨਦਾਰੀ ਦਾ ਸੱਭਿਆਚਾਰ' ਦੀ ਸਿਰਜਣਾ ਕਰਨਾ ਅਤੇ ਨਾਗਰਿਕਾਂ ਅਤੇ ਸਰਕਾਰੀ ਮੁਲਾਜ਼ਮਾਂ ਨੂੰ ਭ੍ਰਿਸ਼ਟਾਚਾਰ ਤੋਂ ਮੁਕਤ ਪ੍ਰਸ਼ਾਸਨ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਏ।

-------------------------------------------------------

ਪੰਜਾਬ ਨੈਸ਼ਨਲ ਬੈਂਕ ਦੇ ਡਿਵੀਜ਼ਨਲ ਦਫ਼ਤਰ ਮੋਹਾਲੀ ਵੱਲੋਂ ਵਿਜੀਲੈਂਸ ਜਾਗਰੂਕਤਾ ਹਫ਼ਤੇ ਤਹਿਤ ਮੰਡਲ ਮੁਖੀ ਪੰਕਜ ਆਨੰਦ ਅਤੇ ਸਮੂਹ ਸਟਾਫ਼ ਮੈਂਬਰਾਂ ਵੱਲੋਂ ਭ੍ਰਿਸ਼ਟਾਚਾਰ ਦੇ ਖਾਤਮੇ ਅਤੇ ਇਮਾਨਦਾਰੀ ਦੀ ਸਹੁੰ ਚੁੱਕੀ ਗਈ । ਪੰਕਜ ਆਨੰਦ ਦੀ ਅਗਵਾਈ ਹੇਠ ਵਾਕਾਥਨ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸ਼ਾਖਾਵਾਂ ਸਮੇਤ 70 ਦੇ ਕਰੀਬ ਸਟਾਫ਼ ਮੈਂਬਰਾਂ ਨੇ ਹਿੱਸਾ ਲਿਆ। ਪੰਕਜ ਆਨੰਦ ਨੇ ਇਸ ਮੌਕੇ ਕਿਹਾ ਕਿ ਜੇਕਰ ਅਸੀਂ ਕਿਸੇ ਵਿੱਤੀ ਸੰਸਥਾ ਵਿੱਚ ਕੰਮ ਕਰਦੇ ਹਾਂ ਤਾਂ ਸਾਡਾ ਮੁੱਢਲਾ ਉਦੇਸ਼ ਪੂਰੀ ਇਮਾਨਦਾਰੀ ਨਾਲ ਆਮ ਲੋਕਾਂ ਦੀਆਂ ਵਿੱਤੀ ਲੋੜਾਂ ਨੂੰ ਪੂਰਾ ਕਰਨਾ ਹੋਣਾ ਚਾਹੀਦਾ ਏ । ਓਧਰ ਮੁਕਤਸਰ ਸਾਹਿਬ ਦੇ ਬਾਵਾ ਨਿਹਾਲ ਸਿੰਘ ਕਾਲਜ ਵਿਖੇ ਭ੍ਰਿਸ਼ਟਾਚਾਰ ਵਿਰੋਧੀ ਜਾਗਰੂਕਤਾ ਸੈਮੀਨਾਰ ਕਿਵੇਂ ਗਿਆ । ਐਸ.ਡੀ.ਐਮ. ਬਲਜੀਤ ਕੌਰ ਨੇ ਕਿਹਾ ਕਿ ਵਿਜੀਲੈਂਸ ਬਿਊਰੋ ਬਠਿੰਡਾ ਰੇਂਜ ਬਠਿੰਡਾ ਅਧੀਨ ਆਉਂਦੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਖੇ ਮਨਾਏ ਜਾਣ ਵਾਲੇ ਭ੍ਰਿਸ਼ਟਾਚਾਰ ਵਿਰੋਧੀ ਸਲਾਨਾ ਜਾਗਰੂਕਤਾ ਹਫਤੇ ਦੇ ਮੱਦੇਨਜ਼ਰ ਅਧਿਕਾਰੀਆਂ ਵੱਲੋਂ ਵਿਸ਼ੇਸ਼ ਮੀਟਿੰਗਾਂ ਕਰਕੇ ਭ੍ਰਿਸ਼ਟਾਚਾਰ ਨੂੰ ਰੋਕਣ ਲਈ ਜਾਗਰੂਕ ਕੀਤਾ ਜਾਵੇਗਾ।

ਡੀ.ਐਸ.ਪੀ. (ਵਿਜੀਲੈਂਸ) ਗੁਰਦੇਵ ਸਿੰਘ ਭੱਲਾ ਨੇ ਅਧਿਕਾਰੀਆਂ ਨੂੰ ਕਿਹਾ ਕਿ ਆਪੋ-ਆਪਣੇ ਦਫਤਰਾਂ ਵਿੱਚ ਭ੍ਰਿਸ਼ਟਾਚਾਰ ਵਿਰੋਧੀ ਸਲਾਨਾ ਜਾਗਰੂਕਤਾ ਹਫਤਾ ਮਨਾਇਆ ਜਾਵੇ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਪੁਰਜੋਰ ਅਪੀਲ ਕਰਦਿਆਂ ਕਿਹਾ ਕਿ ਇਸ ਮੁਹਿੰਮ ਵਿੱਚ ਵੱਧ ਤੋਂ ਵੱਧ ਆਪਣਾ ਸਹਿਯੋਗ ਦਿੱਤਾ ਜਾਵੇ । ਇਸੇ ਤਹਿਤ ਫਰੀਦਕੋਟ ਵਿਖੇ ਵਿਜੀਲੈਂਸ ਜਾਗਰੂਕਤਾ ਹਫਤੇ ਨੂੰ ਸਮਰਪਿਤ ਇਕ ਰੈਲੀ ਕੱਢੀ ਗਈ। ਪੰਜਾਬ ਐਂਡ ਸਿੰਧ ਬੈਂਕ ਦੇ ਜੋਨਲ ਮੈਨੇਜਰ ਆਸ਼ੀਸ਼ ਰੰਜਨ ਦੀ ਅਗਵਾਈ ਵਿੱਚ ਸਾਦਿਕ ਚੌਂਕ ਤੋਂ ਹੁੰਦੀ ਹੋਈ ਇਹ ਰੈਲੀ ਦਫਤਰ ਆ ਕੇ ਸਮਾਪਤ ਹੋਈ । ਰੈਲੀ ਵਿੱਚ ਬੈਂਕ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਸ਼ਿਰਕਤ ਕੀਤੀ। ਆਸ਼ੀਸ਼ ਰੰਜਨ ਨੇ ਸਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਰਿਸ਼ਵਤ ਨਾ ਲੈਣ ਦੀ ਸੁਹ੍ਹ ਚੁਕਵਾਈ। ਇਸ ਰੈਲੀ ਵਿੱਚ ਸ਼ਾਮਿਲ ਲੋਕਾਂ ਨੇ ਰਿਸ਼ਵਤ ਦੇ ਖਿਲਾਫ ਨਾਹਰੇ ਲਿਖੀਆਂ ਤਖਤੀਆਂ,ਬੈਨਰ ਅਤੇ ਪੋਸਟਰ ਫੜੇ ਹੋਏ ਸਨ ਅਤੇ ਉਹ ਭਿਰਸ਼ਟਾਚਾਰ ਦੇ ਵਿਰੁੱਧ ਨਾਹਰੇ ਲਗਾਉਦੇ ਹੋਏ ਚਲ ਰਹੇ ਸਨ ।

-------------------------------------------------------

ਸਿਹਤ ਐਮਰਜੈਂਸੀ ਅਤੇ ਹਾਦਸਿਆਂ ਵਿੱਚ ਜਾਣ ਵਾਲੀਆਂ ਕੀਮਤੀ ਜਾਨਾਂ ਬਚਾਉਣ ਦੇ ਮੰਤਵ ਨਾਲ ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਅਤੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵਲੋਂ ਅੱਜ ਸਾਂਝੇ ਤੌਰ 'ਤੇ ਨਿਵੇਕਲੀ ਪਹਿਲਕਦਮੀ ਕਰਦਿਆਂ ਚੇਤਨਾ ਪ੍ਰਾਜੈਕਟ ਦੀ ਸ਼ੁਰੂਆਤ ਕੀਤੀ ਗਈ । ਇਸ ਪ੍ਰਾਜੈਕਟ ਤਹਿਤ ਵੱਖ-ਵੱਖ ਸਕੂਲਾਂ ਦੇ ਲਗਭਗ 400 ਵਿਦਿਆਰਥੀਆਂ ਅਤੇ 30 ਤੋਂ ਵੱਧ ਅਧਿਆਪਕਾਂ ਨੂੰ ਮਾਹਰ ਡਾਕਟਰਾਂ ਵੱਲੋਂ 'ਲਾਈਫ਼ ਸੇਵਿੰਗ ਸਕਿੱਲਜ਼' ਸਬੰਧੀ ਇਕ ਦਿਨਾਂ ਟ੍ਰੇਨਿੰਗ ਪ੍ਰਦਾਨ ਕੀਤੀ ਗਈ। ਜ਼ਿਕਰਯੋਗ ਏ ਕਿ ਪੰਜਾਬ ਭਰ ਵਿੱਚ ਕਿਸੇ ਵੀ ਜ਼ਿਲ੍ਹੇ ਵੱਲੋਂ ਕੀਤਾ ਗਿਆ, ਆਪਣੀ ਕਿਸਮ ਦਾ ਇਹ ਪਹਿਲਾ ਉਪਰਾਲਾ ਏ, ਜਿਸ ਤਹਿਤ ਵੱਖ-ਵੱਖ ਸਕੂਲਾਂ ਵਿੱਚ ਇਹ ਸਿਖ਼ਲਾਈ ਦਿੱਤੀ ਜਾਵੇਗੀ। ਅੱਜ ਇਥੇ ਰੈੱਡ ਕਰਾਸ ਭਵਨ ਵਿਖੇ ਪ੍ਰਾਜੈਕਟ ਦੀ ਸ਼ੁਰੂਆਤ ਕਰਦਿਆਂ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਇਸ ਪ੍ਰਾਜੈਕਟ ਦਾ ਮਕਸਦ, ਵਿਦਿਆਰਥੀਆਂ ਨੂੰ ਸਿਹਤ ਐਮਰਜੈਂਸੀ ਅਤੇ ਹਾਦਸੇ ਦੌਰਾਨ ਡਾਕਟਰ ਕੋਲ ਪਹੁੰਚਣ ਤੋਂ ਪਹਿਲਾਂ, ਮਰੀਜ਼ ਤੇ ਜ਼ਖਮੀ ਦੀ ਜਾਨ ਬਚਾਉਣ ਦੇ ਢੰਗ ਤਰੀਕਿਆਂ ਬਾਰੇ ਸਿਖ਼ਲਾਈ ਦੇਣਾ ਏ ਤਾਂ ਜੋ ਕੀਮਤੀ ਜਾਨਾਂ ਬਚਾਈਆਂ ਜਾ ਸਕਣ। ਡਾ. ਅਗਰਵਾਲ ਨੇ ਕਿਹਾ ਕਿ ਮੁੱਢਲੀ ਸਹਾਇਤਾ ਜ਼ਿੰਦਗੀ ਨੂੰ ਬਚਾਉਣ ਵਿਚ ਸਭ ਤੋਂ ਵੱਡੀ ਭੂਮਿਕਾ ਨਿਭਾਉਂਦੀ ਏ । ਉਨ੍ਹਾਂ ਕਿਹਾ ਕਿ ਪ੍ਰਭਾਵੀ ਮੁੱਢਲੀ ਸਹਾਇਤਾ ਜ਼ਰੀਏ ਜਾਨੀ ਨੁਕਸਾਨ ਤੋਂ ਬਚਿਆ ਜਾ ਸਕਦਾ ਏ । ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਵਿੱਚ ਘੱਟੋ-ਘੱਟ 10 ਹਜ਼ਾਰ ਵਲੰਟੀਅਰ ਤਿਆਰ ਕਰਨ ਦਾ ਟੀਚਾ ਮਿੱਥਿਆ ਗਿਆ ਏ । ਉਨ੍ਹਾਂ ਵੱਲੋਂ 'ਲਾਈਫ਼ ਸੇਵਿੰਗ ਸਕਿੱਲਜ਼' ਸਿੱਖ ਕੇ, ਕਿਸੇ ਦੀ ਜਾਨ ਬਚਾਉਣ ਵਾਲੇ 'ਚੇਤਨਾ ਹੀਰੋ' ਨੂੰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਨਮਾਨਿਤ ਕਰਨ ਦਾ ਐਲਾਨ ਵੀ ਕੀਤਾ ਗਿਆ। ਅੱਜ ਦੀ ਟ੍ਰੇਨਿੰਗ ਦੌਰਾਨ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸੜਕ ਹਾਦਸੇ, ਖ਼ੂਨ ਵਹਿ ਜਾਣ, ਸੱਪ ਦੇ ਡੰਗਣ, ਵਰਗੀਆਂ ਘਟਨਾਵਾਂ ਮੌਕੇ ਪੀੜਤਾਂ ਨੂੰ ਦਿੱਤੀ ਜਾਣ ਵਾਲੀ ਮੁੱਢਲੀ ਸਹਾਇਤਾ ਦੀ ਸਿਖਲਾਈ ਦਿਤੀ ਗਈ । ਇਸ ਦੌਰਾਨ ਟ੍ਰੇਨਿੰਗ ਸਬੰਧੀ ਵੀਡੀਓ ਵੀ ਜਾਰੀ ਕੀਤੀ ਗਈ। ਇਸ ਤੋਂ ਇਲਾਵਾ ਇਸ ਮੌਕੇ ਵੋਟਰ ਰਜਿਸਟ੍ਰੇਸ਼ਨ ਲਈ ਜਾਗਰੂਕ ਵੀ ਕੀਤਾ ਗਿਆ।

-------------------------------------------------------

ਲੁਧਿਆਣਾ ਦੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਅਧਿਕਾਰੀਆਂ ਨੂੰ ਹਲਵਾਰਾ ਵਿਖੇ ਹੋਣ ਵਾਲੇ ਕੌਮਾਂਤਰੀ ਹਵਾਈ ਅੱਡੇ ਦੇ ਸਾਰੇ ਬਕਾਇਆ ਕਾਰਜਾਂ ਨੂੰ ਅਗਲੇ 10 ਦਿਨਾਂ ਵਿੱਚ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ ਨੇ । ਭਾਰਤੀ ਹਵਾਈ ਸੈਨਾ, ਲੋਕ ਨਿਰਮਾਣ ਵਿਭਾਗ , ਸਮੇਤ ਹੋਰਨਾਂ ਵਿਭਾਗਾਂ ਦੇ

ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਰਨਵੇਅ, ਟੈਕਸੀਵੇਅ ਅਤੇ ਹੋਰ ਖੇਤਰਾਂ ਨਾਲ ਸਬੰਧਤ ਬਕਾਇਆ ਉਸਾਰੀਆਂ ਵਿੱਚ ਤੇਜ਼ੀ ਲਿਆਉਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਸੁਰੱਖਿਆ ਕੈਮਰਿਆਂ ਨੂੰ ਜਲਦੀ ਤੋਂ ਜਲਦੀ ਸਬੰਧਤ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਸ਼ਿਫਟ ਕਰਨ ਬਾਰੇ ਵੀ ਵਿਚਾਰ-ਵਟਾਂਦਰੇ ਕੀਤਾ। ਜਤਿੰਦਰ ਜੋਰਵਾਲ ਨੇ ਦੱਸਿਆ ਕੀਤਾ ਕਿ ਅੰਦਰੂਨੀ ਸੜਕਾਂ ਦੇ ਨਿਰਮਾਣ ਸਮੇਤ ਕਈ ਕੰਮ ਪਹਿਲਾਂ ਹੀ ਪੂਰੇ ਕੀਤੇ ਜਾ ਚੁੱਕੇ ਨੇ।

---------------------------------------------------------

ਖੇਤਰੀ ਪਾਸਪੋਰਟ ਦਫ਼ਤਰ ਜਲੰਧਰ ਵਿਖੇ ਅੱਜ 'ਪਾਸਪੋਰਟ ਮੇਲਾ' ਦਾ ਆਯੋਜਨ ਕੀਤਾ ਗਿਆ। ਖੇਤਰੀ ਪਾਸਪੋਰਟ ਅਫ਼ਸਰ ਯਸ਼ਪਾਲ ਨੇ ਦੱਸਿਆ ਕਿ ਇਸ ਪਾਸਪੋਰਟ ਮੇਲੇ ਵਿੱਚ 140 ਤੋਂ ਵੱਧ ਬਿਨੈਕਾਰਾਂ ਨੇ ਸ਼ਿਰਕਤ ਕੀਤੀ ਜਿਨ੍ਹਾਂ ਨੂੰ ਡਿਪੋਰਟ ਕੀਤਾ ਗਿਆ ਸੀ ਜਾਂ ਐਮਰਜੈਂਸੀ ਸਰਟੀਫਿਕੇਟ 'ਤੇ ਭਾਰਤ ਦੀ ਯਾਤਰਾ ਕੀਤੀ ਗਈ ਸੀ। ਉਨ੍ਹਾਂ ਦੱਸਿਆ ਕਿ ਅਜਿਹੇ 100 ਤੋਂ ਵੱਧ ਮਾਮਲਿਆਂ ਨੂੰ ਪਾਸਪੋਰਟ ਜਾਰੀ ਕਰਨ ਲਈ ਪ੍ਰਵਾਨਗੀ ਦੇ ਦਿੱਤੀ ਗਈ ਏ। ਪਾਸਪੋਰਟ ਅਫ਼ਸਰ ਨੇ ਦੱਸਿਆ ਕਿ ਖੇਤਰੀ ਪਾਸਪੋਰਟ ਦਫ਼ਤਰ ਜਲੰਧਰ ਵੱਲੋਂ ਭਵਿੱਖ ਵਿੱਚ ਵੀ ਅਜਿਹੇ ਮੇਲੇ ਅਤੇ ਵਿਸ਼ੇਸ਼ ਕੈਂਪ ਲਗਾਏ ਜਾਣਗੇ ਤਾਂ ਜੋ ਲੋਕਾਂ ਨੂੰ ਉਨ੍ਹਾਂ ਦੇ ਪਾਸਪੋਰਟ ਜਾਰੀ ਕਰਵਾਉਣ ਵਿੱਚ ਸਹੂਲਤ ਮਿਲ ਸਕੇ।

---------------------------------------------------------

ਗੁਰਦਾਸਪੁਰ ਪੁਲਿਸ ਵੱਲੋਂ ਨੌਜਵਾਨਾਂ ਅਤੇ ਨਾਗਰਿਕਾਂ ਵਿੱਚ ਸਮਾਜਿਕ ਜ਼ਿੰਮੇਵਾਰੀ ਨੂੰ ਪ੍ਰਫੁੱਲਤ ਕਰਨ ਦੇ ਉਦੇਸ਼ ਨਾਲ ਅੱਜ ਇੱਕ ਰੈਲੀ ਨੂੰ ਰਵਾਨਾ ਕੀਤਾ ਗਿਆ। ਐਸ.ਪੀ. ਜੁਗਰਾਜ ਸਿੰਘ, ਨੇ ਦੱਸਿਆ ਕਿ ਇਸ ਰੈਲੀ ਦੌਰਾਨ ਵਾਤਾਵਰਣ ਦੇ ਪ੍ਰਦੂਸ਼ਣ ਨੂੰ ਰੋਕਣ ਲਈ ਵਾਤਾਵਰਣ ਪੱਖੀ, ਹਰੀ ਦੀਵਾਲੀ ਦੀ ਲੋੜ, ਪਰਾਲੀ ਸਾੜਨ ਦੀ ਰੋਕਥਾਮ, ਨਸ਼ਿਆਂ ਦੀ ਦੁਰਵਰਤੋਂ ਨਾਲ ਜੁੜੇ ਜੋਖਮਾਂ ਅਤੇ ਸੁਰੱਖਿਅਤ ਆਂਢ-ਗੁਆਂਢ ਬਣਾਉਣ ਲਈ ਕਮਿਊਨਿਟੀ ਪੁਲਿਸਿੰਗ ਨੂੰ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੰਦੇ ਹੋਏ ਮਹੱਤਵਪੂਰਨ ਸਮਾਜਿਕ ਸੰਦੇਸ਼ ਦਿੱਤੇ। ਉਨ੍ਹਾਂ ਦੱਸਿਆ ਕਿ ਪੁਲਿਸ ਵਿਭਾਗ ਦੀਆਂ ਵੱਖ- ਵੱਖ ਟੀਮਾਂ ਵੱਲੋਂ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਲੋਕਾਂ ਨੂੰ ਖਾਸ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਏ। ਉਨ੍ਹਾਂ ਲੋਕਾਂ ਨੂੰ ਗ੍ਰੀਨ ਦੀਵਾਲੀ ਮਨਾਉਣ ਦੀ ਅਪੀਲ ਕਰਦਿਆ ਕਿਹਾ ਕਿ ਵਾਤਾਵਰਨ ਨੂੰ ਸਾਫ-ਸੁੱਥਰਾ ਰੱਖਣ ਲਈ ਗ੍ਰੀਨ ਦੀਵਾਲੀ ਮਨਾਈ ਜਾਵੇ। ਓਧਰ ਜ਼ਿਲ੍ਹਾ ਜੇਲ੍ਹ ਸ੍ਰੀ

ਮੁਕਤਸਰ ਸਾਹਿਬ ਵਿੱਚ ਬੰਦ ਕੈਦੀਆਂ ਤੇ ਹਵਾਲਾਤੀਆਂ ਨਾਲ ਦੀਵਾਲੀ ਦਾ ਤਿਉਹਾਰ ਅਤੇ ਨਸ਼ਾ ਨਾ ਕਰਨ ਸਬੰਧੀ ਪ੍ਰੋਗਰਾਮ ਕਰਵਾਇਆ ਗਿਆ । ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਨੇ ਜੇਲ੍ਹ ਵਿਚ ਬੰਦ ਹਵਾਲਾਤੀ ਨਾਲ ਗੱਲਬਾਤ ਕੀਤੀ ਅਤੇ ਉਹਨਾ ਦੀਆਂ ਮੁਸ਼ਕਿਲਾਂ ਸੁਣਕੇ ਨਿਪਟਾਰਾ ਕੀਤਾ ਗਿਆ। ਇਸ ਮੌਕੇ ਸੈਸ਼ਨ ਜੱਜ ਵੱਲੋ ਪ੍ਰਸ਼ੰਸਾ ਪੱਤਰ ਵੀ ਵੰਡੇ ਗਏ ।

---------------------------------------------------------

<u>ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਵੀਂ ਦਿੱਲੀ ਵਿੱਚ ਕਰੀਬ 12 ਹਜ਼ਾਰ 850 ਕਰੋੜ ਰੁਪਏ ਦੇ ਸਿਹਤ ਖੇਤਰ ਨਾਲ ਸਬੰਧਤ, ਕਈ ਪ੍ਰੋਜੈਕਟਾਂ ਦੀ ਸ਼ੁਰੂਆਤ, ਉਦਘਾਟਨ ਅਤੇ ਨੀਂਹ ਪੱਥਰ ਰੱਖਿਆ ।
- ਅੱਜ ਦੇਸ਼ ਭਰ 'ਚ 40 ਥਾਵਾਂ 'ਤੇ ਰੋਜ਼ਗਾਰ ਮੇਲੇ ਲਗਾਏ ਗਏ -ਪ੍ਰਧਾਨ ਮੰਤਰੀ ਮੋਦੀ ਨੇ 51 ਹਜ਼ਾਰ ਤੋਂ ਵੱਧ ਨਵ-ਨਿਯੁਕਤ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ ।
- ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾ ਨੇ ਨੌਜਵਾਨਾਂ ਨੂੰ, ਸੂਬੇ ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ ਯੋਗਦਾਨ ਪਾਉਣ ਦੀ ਕੀਤੀ ਅਪੀਲ ।
- ਪੰਜਾਬ ਭਰ ਵਿੱਚ, ਵਿਜੀਲੈਂਸ ਜਾਗਰੂਕਤਾ ਹਫ਼ਤੇ ਤਹਿਤ, ਵੱਖ-ਵੱਖ ਗਤੀਵਿਧੀਆਂ ਦਾ ਆਯੋਜਨ ।
- ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ,ਸਿਹਤ ਐਮਰਜੈਂਸੀ ਤੇ ਹਾਦਸਿਆਂ 'ਚ ਜਾਣ ਵਾਲੀਆਂ ਕੀਮਤੀ ਜਾਨਾਂ ਬਚਾਉਣ ਲਈ 'ਚੇਤਨਾ' ਪ੍ਰਾਜੈਕਟ ਦੀ ਸ਼ੁਰੂਆਤ ।

---------------------------------------------------------